**Vigilance Bureau Punjab**

**VIGILANCE NABS REVENUE PATWARI, PRIVATE PERSON FOR TAKING BRIBE**

Chandigarh, April 17 : State Vigilance Bureau nabbed a Revenue Patwari and a private person red handed while accepting bribe of Rs. 19,000.

Disclosing this here an official spokesperson of the Vigilance Bureau said Harvinder Singh, Patwari posted at Garah in Jalandhar district and a private person Donal Taneja were nabbed red handed by Vigilance team for accepting bribe of Rs. 19,000 from complainant Raj Kumar of Garah in Jalandhar district.

The Complainant has approached the VB that the above said Patwari was demanding Rs. 1,50,000/- for the mutation of land and the deal was struck at Rs. 80,000/-.

After verifying his information, the Vigilance team laid a trap and the accused Patwari and a private person were arrested on the spot while accepting bribe of Rs. 19,000/- as a first installment from the complainant in the presence of two official witnesses

He informed that a case under Prevention of Corruption Act has been registered against both the accused at VB police station Jalandhar and further investigations was under progress.

-------------------------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ 19,000 ਦੀ ਰਿਸ਼ਵਤ ਲੈਂਦਾ ਪਟਵਾਰੀ ਅਤੇ ਵਿਚੋਲਿਆ ਕਾਬੂ

ਚੰਡੀਗੜ੍ਹ, 17 ਅਪਰੈਲ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਮਾਲ ਹਲਕਾ ਗੜ੍ਹਾ, ਜਿਲਾ ਜਲੰਧਰ ਵਿਖੇ ਤਾਇਨਾਤ ਪਟਵਾਰੀ ਹਰਵਿੰਦਰ ਸਿੰਘ ਅਤੇ ਇਕ ਪ੍ਰਾਇਵੇਟ ਵਿਅਕਤੀ ਡੋਨਲ ਤਨੇਜਾ ਨੂੰ 19,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਹਰਵਿੰਦਰ ਸਿੰਘ ਅਤੇ ਪ੍ਰਾਇਵੇਟ ਵਿਅਕਤੀ ਡੋਨਲ ਤਨੇਜਾ ਨੂੰ ਸ਼ਿਕਾਇਤਕਰਤਾ ਰਾਜ ਕੁਮਾਰ ਵਾਸੀ ਗੜ੍ਹਾ, ਜਿਲਾ ਜਲੰਧਰ ਦੀ ਸ਼ਿਕਾਇਤ ’ਤੇ 19,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੇ ਪਿਤਾ ਦੀ ਮੌਤ ਤੋਂ ਬਾਅਦ ਮਕਾਨ ਦਾ ਵਿਰਾਸਤੀ ਇੰਤਕਾਲ ਕਰਨ ਬਦਲੇ ਉਕਤ ਪਟਵਾਰੀ ਵਲੋ 1,50,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 80,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਅਤੇ ਉਸ ਦੇ ਵਿਚੋਲਿਏ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 19,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਹਾਂ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਜਲੰਧਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

\-\-\-\-\-\-\-\-\-\-\-\-\-\-\-